# **ਪ੍ਰੈਸ ਨੋਟ**

ਅੱਜ ਮਿਤੀ 01.05.2024 ਨੂੰ ਸ੍ਰੀ ਗੁਲਨੀਤ ਸਿੰਘ ਖੁਰਾਨਾ, ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ ਰੂਪਨਗਰ ਵਲੋ ਪ੍ਰੈਸ ਨੋਟ ਰਾਂਹੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਗਾਮੀ ਲੋਕ ਸਭਾ ਚੋਣਾ 2024 ਦੇ ਮੱਦੇਨਜ਼ਰ ਜਿਲ੍ਹਾ ਵਿੱਚ ਸਮਾਜ ਵਿਰੋਧੀ/ਸ਼ਰਾਰਤੀ ਅਨਸਰਾ ਖਿਲਾਫ ਸਪੈਸ਼ਲ "ਕਾਰਡਨ ਐਂਡ ਸਰਚ ਓਪਰੇਸ਼ਨ" ਚਲਾਇਆ ਗਿਆ। ਇਸ ਓਪਰੇਸ਼ਨ ਦੋਰਾਨ ਜਿਲ੍ਹਾਂ ਵਿੱਚ ਪੈਂਦੇ ਸੰਵੇਦਨਸ਼ੀਲ ਸਥਾਨਾ, ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਵਹਿਕਲਾਂ ਦੀ ਅਸਰਦਾਰ ਢੰਗ ਨਾਲ ਚੈਕਿੰਗ ਕੀਤੀ ਗਈ। ਇਸ ਓਪਰੇਸ਼ਨ ਵਿੱਚ 90 ਪੁਲਿਸ ਅਧਿਕਾਰੀਆਂ/ਕਰਮਚਾਰੀਆਂ ਨੇ ਭਾਗ ਲਿਆ। ਜੋ ਓਪਰੇਸ਼ਨ ਦੋਰਾਨ 1 ਪਿਸਟਲ 32 ਬੋਰ, 2 ਜਿੰਦਾ ਕਾਰਤੂਸ, 1 ਦਾਤ, 40 ਗ੍ਰਾਮ ਹੈਰੋਇਨ ਅਤੇ 9000 ਐਮ.ਐਲ. ਦੇਸੀ ਸ਼ਰਾਬ ਬਰਾਮਦ ਕੀਤੀ ਗਈ। ਜਿਸ ਸਬੰਧੀ ਵੱਖ-ਵੱਖ ਧਰਾਵਾਂ ਹੇਠ 2 ਮੁਕੱਦਮੇ ਦਰਜ਼ ਕੀਤੇ ਗਏ ਅਤੇ2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋ ਇਲਾਵਾ ਜਿਲ੍ਹਾ ਪੁਲਿਸ ਵੱਲੋ 57 ਸ਼ੱਕੀ ਵਿਅਕਤੀਆਂ ਨੂੰ ਚੈਕ ਕੀਤਾ ਗਿਆ ਅਤੇ ਟ੍ਰੈਫਿਕ ਨਿਯਮਾ ਦੀ ਉਲੰਘਣਾ ਕਰਨ ਵਾਲੇ 9 ਵਹੀਕਲਾ ਦੇ ਚਲਾਨ ਕੀਤੇ ਗਏ ਅਤੇ 3 ਵਹੀਕਲ ਬੰਦ ਕਰਵਾਏ ਗਏ।

ਸ੍ਰੀ ਗੁਲਨੀਤ ਸਿੰਘ ਖੁਰਾਨਾ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ ਰੂਪਨਗਰ ਵਲੋ ਦੱਸਿਆ ਗਿਆ ਕਿ ਰੂਪਨਗਰ ਪੁਲਿਸ ਵਲੋ ਪਹਿਲਾ ਹੀ ਵਿਸ਼ੇਸ਼ ਮੁਹਿੰਮ ਆਰੰਭ ਕਰਕੇ ਰੋਜਾਨਾ ਹੀ ਗਸ਼ਤਾ ਨਾਕਾਬੰਦੀਆ ਅਤੇ ਸਰਚ ਕਰਵਾ ਕੇ ਜਿੱਥੇ ਮਾੜੇ ਅਨਸਰਾ ਨੂੰ ਕਾਬੂ ਕੀਤਾ ਜਾ ਰਿਹਾ ਹੈ ਉਥੇ ਹੀ ਨਸ਼ਿਆ ਦਾ ਧੰਦਾ ਕਰਨ ਵਾਲਿਆ ਵਿਰੁੱਧ ਮੁਕੱਦਮੇ ਦਰਜ ਕਰਕੇ ਬਰਾਮਦਗੀ ਕਰਵਾਈ ਜਾ ਰਹੀ ਹੈ। ਕਿਸੇ ਵੀ ਸ਼ਰਾਰਤੀ ਅਤੇ ਮਾੜੇ ਅਨਸਰ ਨੂੰ ਸਿਰ ਚੱਕਣ ਨਹੀ ਦਿੱਤਾ ਜਾਵੇਗਾ। ਜਿਲਾ ਦੇ ਅੰਦਰ ਅਮਨ ਕਾਨੂੰਨ ਵਿਵਸਥਾ ਨੂੰ ਹਰ ਹਾਲ ਕਾਇਮ ਰੱਖਿਆ ਜਾਵੇਗਾ। ਰੂਪਨਗਰ ਪੁਲਿਸ ਵਲੋਂ ਵਿੱਢੀ ਮੁਹਿੰਮ ਨੂੰ ਅੱਗੇਵੀ ਇਸ ਤਰ੍ਹਾ ਹੀ ਜਾਰੀ ਰੱਖਿਆ ਜਾਵੇਗਾ।